# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 15-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤਿੰਨ ਦੇਸ਼ਾਂ ਸਾਈਪ੍ਰਸ, ਕੈਨੇਡਾ ਅਤੇ ਕ੍ਰੋਏਸ਼ੀਆ ਦੀ ਯਾਤਰਾ ਲਈ ਰਵਾਨਾ ਹੋ ਗਏ ਨੇ,ਆਪਣੀ ਰਵਾਨਗੀ ਤੋਂ ਪਹਿਲਾਂ ਜਾਰੀ ਇਕ ਬਿਆਨ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਉਹ 15 ਤੇ 16 ਜੂਨ ਨੂੰ ਸਾਈਪ੍ਰਸ ਗਣਰਾਜ ਦੇ ਦੋ ਦਿਨਾਂ ਦੌਰੇ ਨਾਲ ਦੌਰੇ ਦੀ ਸ਼ੁਰੂਆਤ ਕਰਨਗੇ। ਸਾਈਪ੍ਰਸ ਨੂੰ ਇਕ ਕਰੀਬੀ ਦੋਸਤ ਅਤੇ ਭੂ ਮੱਧ ਸਾਗਰ ਖੇਤਰ ਅਤੇ ਯੂਰਪੀ ਸੰਘ ਵਿੱਚ ਇਕ ਮੁੱਖ ਭਾਈਵਾਲ ਦੱਸਦੇ ਹੋਏ, ਉਨ੍ਹਾਂ ਕਿਹਾ ਕਿ ਇਹ ਦੌਰਾ ਵਪਾਰ, ਨਿਵੇਸ਼, ਸੁਰੱਖਿਆ ਤੇ ਤਕਨਾਲੋਜੀ ਵਿਚ ਸਹਿਯੋਗ ਨੂੰ ਡੂੰਘਾ ਕਰਨ ਤੇ ਲੋਕਾਂ ਤੋਂ ਲੋਕਾਂ ਦੇ ਆਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰਨ ਦਾ ਇੱਕ ਮੌਕਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਪਰੰਤ ਉਹ ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੇ ਸੱਦੇ 'ਤੇ G7 ਸੰਮੇਲਨ ਵਿੱਚ ਸ਼ਾਮਲ ਹੋਣ ਲਈ ਕੈਨੇਡਾ ਜਾਣਗੇ। ਉਨ੍ਹਾਂ ਕਿਹਾ ਕਿ ਇਹ ਸੰਮੇਲਨ ਗਲੋਬਲ ਚੁਣੌਤੀਆਂ ਤੇ ਗਲੋਬਲ ਸਾਊਥ ਦੀਆਂ ਚਿੰਤਾਵਾਂ 'ਤੇ ਅਰਥਪੂਰਨ ਚਰਚਾ

ਕਰਨ ਦੀ ਆਗਿਆ ਦੇਵੇਗਾ। 18 ਜੂਨ ਨੂੰ ਉਹ ਕਰੋਏਸ਼ੀਆ ਦਾ ਦੌਰਾ ਕਰਨਗੇ । ਉਨ੍ਹਾਂ ਕਿਹਾ ਕਿ ਕਿਸੇ ਭਾਰਤੀ ਪ੍ਰਧਾਨ ਮੰਤਰੀ ਦੀ ਕਰੋਏਸ਼ੀਆ ਦੀ ਇਹ ਪਹਿਲੀ ਫੇਰੀ ਸਹਿਯੋਗ ਲਈ ਨਵੇਂ ਰਸਤੇ ਖੋਲ੍ਹੇਗੀ । ਉਨ੍ਹਾਂ ਅੱਗੇ ਕਿਹਾ ਕਿ ਇਹ ਦੌਰਾ ਸਰਹੱਦ ਪਾਰ ਦਹਿਸ਼ਤਗਰਦੀ ਵਿਰੁੱਧ ਭਾਰਤ ਦੀ ਲੜਾਈ ਵਿਚ ਸਹਿਯੋਗੀ ਦੇਸ਼ਾਂ ਦਾ ਧੰਨਵਾਦ ਕਰਨ ਤੇ ਦਹਿਸ਼ਤਗਰਦੀ ਦੇ ਸਾਰੇ ਰੂਪਾਂ ਦਾ ਮੁਕਾਬਲਾ ਕਰਨ ਲਈ ਵਿਸ਼ਵਵਿਆਪੀ ਸਹਿਮਤੀ ਬਣਾਉਣ ਦਾ ਵੀ ਇੱਕ ਮੌਕਾ ਏ।

-----------------------------------------------------------------

ਉੱਤਰਾਖੰਡ ਵਿਚ ਅੱਜ ਸਵੇਰੇ ਕੇਦਾਰਨਾਥ ਖੇਤਰ ਦੇ ਗੌਰੀਕੁੰਡ ਖੜਕ ਦੇ ਪਹਾੜੀ ਖੇਤਰ ਵਿੱਚ ਇਕ ਹੈਲੀਕਾਪਟਰ ਹਾਦਸਾਗ੍ਰਸਤ ਹੋ ਗਿਆ, ਜਿਸ ਕਾਰਨ ਜਹਾਜ਼ ਵਿਚ ਸਵਾਰ ਸਾਰੇ ਸੱਤ ਲੋਕਾਂ ਦੀ ਮੌਤ ਹੋ ਗਈ, ਜਿਨ੍ਹਾਂ ਵਿੱਚ ਛੇ ਸ਼ਰਧਾਲੂ ਤੇ ਪਾਇਲਟ ਸ਼ਾਮਲ ਸਨ। ਹੈਲੀਕਾਪਟਰ ਕੇਦਾਰਨਾਥ ਤੋਂ ਗੁਪਤਕਾਸ਼ੀ ਜਾ ਰਿਹਾ ਸੀ। ਘਟਨਾ ਦੀ ਸੂਚਨਾ ਮਿਲਦੇ ਹੀ, ਬਚਾਅ ਟੀਮਾਂ ਨੂੰ ਮੌਕੇ 'ਤੇ ਭੇਜਿਆ ਗਿਆ, ਅਤੇ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਗਏ। ਐਸਡੀਆਰਐਫ ਨੇ ਦੱਸਿਆ ਕਿ ਹਾਦਸਾਗ੍ਰਸਤ ਹੈਲੀਕਾਪਟਰ ਪੂਰੀ ਤਰ੍ਹਾਂ ਸੜ ਗਿਆ ਏ ਤੇ ਸਾਰੀਆਂ ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਨੇ । ਸੂਬੇ ਦੇ ਮੁੱਖ ਮੰਤਰੀ

ਪੁਸ਼ਕਰ ਸਿੰਘ ਧਾਮੀ ਨੇ ਇਸ ਦੁਖਦਾਈ ਹਾਦਸੇ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਏ

---------------------------------------------------------------

ਪੰਜਾਬ ਦੇ adgp ਆਰ.ਕੇ. ਜੈਸਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਰੂਪਨਗਰ ਵਿੱਚ ਪੈਦੀਆਂ ਸਾਰੀਆਂ ਸਬ-ਡਵੀਜਨਾਂ ਨਸ਼ਾ ਵਿਰੋਧੀ ਤਲਾਸ਼ੀ ਅਭਿਆਨ ਚਲਾਇਆ ਗਿਆ। ਇਸ ਮੌਕੇ ਸੀਨੀਅਰ ਪੁਲਿਸ ਕਪਤਾਨ ਗੁਲਨੀਤ ਸਿੰਘ ਖੁਰਾਣਾ ਸਮੇਤ ਹੋਰ ਵੱਡੀ ਗਿਣਤੀ ’ਚ ਅਧਿਕਾਰੀ ਮੌਜੂਦ ਰਹੇ। ਇਸ ਮੌਕੇ ਏਡੀਜੀਪੀ ਜੈਸਵਾਲ ਨੇ ਕਿਹਾ ਕਿ ਅਭਿਆਨ ਦੌਰਾਨ ਮਾੜੇ ਅਨਸਰਾਂ ਨੂੰ ਗਲਤ ਕੰਮ ਨਾ ਕਰਨ ਦੀ ਚੇਤਾਵਨੀ ਦਿੱਤੀ ਗਈ ਏ। ਉਨ੍ਹਾਂ ਕਿਹਾ ਕਿ ਅਪਰਾਧਾਂ ਨਾਲ ਜੁੜੇ ਹੋਏ ਵਿਅਕਤੀਆਂ ਦੀ ਸ਼ਨਾਖਤ ਕੀਤੇ ਸਥਾਨਾਂ ਦੀ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਏ। ਪੁਲਿਸ ਵੱਲੋਂ ਚਲਾਈ ਤਲਾਸ਼ੀ ਮੁਹਿੰਮ ਦੌਰਾਨ ਜਿੱਥੇ ਮਾੜੇ ਅਨਸਰਾਂ ’ਚ ਡਰ ਦਾ ਮਾਹੌਲ ਪੈਦਾ ਹੋਵੇਗਾ, ਉੱਥੇ ਆਮ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਵੀ ਕਰਦੇ ਹਨ। ਉਨ੍ਹਾਂ ਕਿਹਾ ਕਿ ਅਪਰਾਧਾਂ ਨੂੰ ਖਤਮ ਕਰਨਾ, ਵੱਡੇ ਨਸ਼ਾ ਤਸਕਰਾਂ ਨੂੰ ਕਾਬੂ ਕਰਨਾ ਤੇ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ ’ਚੋਂ ਬਾਹਰ ਕੱਢਣਾ ਹੀ ਇਸ ਆਪ੍ਰੇਸ਼ਨ ਦਾ ਮੁੱਖ ਨਿਸ਼ਾਨਾ ਏ।

---

ਪੰਜਾਬ ਰਾਜ ਕਿਸਾਨ ਤੇ ਖੇਤੀ ਕਾਮੇ ਕਮਿਸ਼ਨ ਵਲੋਂ ਸੂਬੇ ਵਿਚ ਜਲ ਸੰਕਟ ਸਬੰਧੀ ਦੋ ਰੋਜ਼ਾ ਵਰਕਸ਼ਾਪ ਦਾ ਆਯੋਜਨ ਪੰਜਾਬ ਰਾਜ ਕਿਸਾਨ ਚੇਅਰਮੈਨ ਪ੍ਰੋ. ਡਾ. ਸੁਖਪਾਲ ਸਿੰਘ ਤੇ ਖੇਤੀ ਕਾਮੇ ਕਮਿਸ਼ਨ ਦੀ ਪ੍ਰਧਾਨਗੀ ਹੇਠ ਕੀਤੀ ਗਈ। ਵਰਕਸ਼ਾਪ ਵਿਚ ਕਾਰਬਨ ਡੇਟਿੰਗ, ਮਿੱਟੀ ਪਾਣੀ ਦੇ ਆਈਸੋਟੋਪ ਅਧਿਐਨ ਤੇ ਪੰਜਾਬ ਦੇ ਸੀਪੇਜ ਅਧਿਐਨ ਬਾਰੇ ਚਰਚਾ ਕੀਤੀ ਗਈ । ਡਾ. ਗੁਰਕੰਵਲ ਸਿੰਘ, ਸਾਬਕਾ ਡਾਇਰੈਕਟਰ ਹਾਰਟੀਕਲਚਰ ਪੰਜਾਬ ਨੇ ਵਰਕਸ਼ਾਪ ਦੀ ਸਹਿ-ਪ੍ਰਧਾਨਗੀ ਕੀਤੀ। ਵਰਕਸ਼ਾਪ ਦੇ ਪਹਿਲੇ ਦਿਨ ਪੰਜਾਬ ਦੀਆਂ ਅਤਿ ਜਰੂਰੀ ਹਾਈਡ੍ਰੋਜੀਓਲੋਜੀਕਲ ਚੁਣੌਤੀਆਂ 'ਤੇ ਚਰਚਾ ਕੀਤੀ ਗਈ, ਜਿਸ ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਮਾਹਿਰਾਂ ਨੇ ਵਿਚਾਰ ਪੇਸ਼ ਕੀਤੇ । ਇਹ ਵਰਕਸ਼ਾਪ ਪੰਜਾਬ ਵਿੱਚ ਟਿਕਾਊ ਜਲ ਪ੍ਰਬੰਧਨ ਵੱਲ ਇਕ ਮਹੱਤਵਪੂਰਨ ਕਦਮ ਸੀ ।

---

ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਮੋਹਾਲੀ ਦੀਆਂ ਤਿੰਨ ਕੈਡਿਟਾਂ ਹਰਨੂਰ ਸਿੰਘ, ਕ੍ਰਿਤੀ ਐਸ

ਬਿਸ਼ਟ ਤੇ ਅਲੀਸ਼ਾ ਨੂੰ ਏਅਰ ਫੋਰਸ ਅਕੈਡਮੀ ਡੁੰਡੀਗਲ (ਹੈਦਰਾਬਾਦ) ਤੋਂ ਸਫ਼ਲਤਾਪੂਰਵਕ ਪਾਸ ਆਊਟ ਹੋਣ ਤੇ ਭਾਰਤੀ ਹਵਾਈ ਫੌਜ ਵਿੱਚ ਫਲਾਇੰਗ ਅਫ਼ਸਰ ਵਜੋਂ ਕਮਿਸ਼ਨ ਮਿਲਿਆ ਏ । ਇਨ੍ਹਾਂ ਮਹਿਲਾ ਕੈਡਿਟਾਂ ਸ਼ਾਨਦਾਰ ਪ੍ਰਾਪਤੀ ’ਤੇ ਪੰਜਾਬ ਦੇ ਰੋਜ਼ਗਾਰ ਉਤਪਤੀ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਹਨਾਂ ਦੀ ਸਫ਼ਲਤਾ ਪੰਜਾਬ ਦੀਆਂ ਹੋਰਨਾਂ ਧੀਆਂ ਨੂੰ ਰੱਖਿਆ ਸੇਵਾਵਾਂ ਵਿਚ ਕਰੀਅਰ ਬਣਾਉਣ ਲਈ ਪ੍ਰੇਰਿਤ ਕਰੇਗੀ। ਮਾਈ ਭਾਗੋ ਇੰਸਟੀਚਿਊਟ ਦੇ ਡਾਇਰੈਕਟਰ ਮੇਜਰ ਜਨਰਲ ਜਸਬੀਰ ਸਿੰਘ ਸੰਧੂ ਨੇ ਕੈਡਿਟਾਂ ਨੂੰ ਕਮਿਸ਼ਨ ਮਿਲਣ ’ਤੇ ਖੁਸ਼ੀ ਪ੍ਰਗਟ ਕੀਤੀ ਏ।

---------------------------------------------------------------

ਇਸੇ ਤਰਾਂ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਮੋਹਾਲੀ ਦੇ ਛੇ ਸਾਬਕਾ ਕੈਡਿਟ ਭਾਰਤੀ ਫੌਜ ਅਤੇ ਹਵਾਈ ਫੌਜ ਵਿੱਚ ਕਮਿਸ਼ਨਡ ਅਫ਼ਸਰ ਬਣੇ ਨੇ। ਇਸ ਇੰਸਟੀਚਿਊਟ ਦੇ ਗੌਰਵ ਸਿੰਘ, ਨਿਖਿਲ ਬਾਂਸਲ ਤੇ ਸਮਯ ਸੈਣੀ ਨੂੰ ਇੰਡੀਅਨ ਮਿਲਟਰੀ ਅਕੈਡਮੀ (ਆਈ.ਐਮ.ਏ.), ਦੇਹਰਾਦੂਨ ਵਿਖੇ ਭਾਰਤੀ ਫੌਜ ਵਿੱਚ ਕਮਿਸ਼ਨ ਮਿਲਿਆ ਏ। ਇਨ੍ਹਾਂ ਤੋਂ ਇਲਾਵਾ ਇਸ ਇੰਸਟੀਚਿਊਟ ਦੇ ਤਿੰਨ ਹੋਰ ਕੈਡਿਟਾਂ ਯਸ਼ ਨੈਲਵਾਲ, ਕਨਿਸ਼ਕ ਚੌਹਾਨ ਤੇ ਅਭਿਨਵ

ਮਿਸ਼ਰਾ ਨੂੰ ਹੈਦਰਾਬਾਦ ਦੇ ਡੁੰਡੀਗਲ ਸਥਿਤ ਏਅਰ ਫੋਰਸ ਅਕੈਡਮੀ ਵਿਖੇ ਪਾਸਿੰਗ ਆਊਟ ਪਰੇਡ ਦੌਰਾਨ ਭਾਰਤੀ ਹਵਾਈ ਫੌਜ ਵਿੱਚ ਕਮਿਸ਼ਨ ਮਿਲਿਆ ਏ।

---------------------------------------------------

ਜਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਸਰਹਿੰਦ ਚੰਡੀਗੜ੍ਹ ਰੋਡ ਤੇ ਤਿੰਨ ਕਾਰਾਂ ਦੀ ਆਪਸੀ ਟੱਕਰ ਵਿਚ ਗੱਡੀਆਂ ਦੇ 2 ਡਰਾਈਵਰਾ ਦੀ ਮੌਤ ਹੋ ਗਈ ਜਦਕਿ ਚਾਰ ਵਿਅਕਤੀ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਨਿਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਏ। ਪੁਲਿਸ ਚੌਕੀ ਚੁੰਨੀ ਦੇ ਇੰਚਾਰਜ ਸਬ ਇੰਸਪੈਕਟਰ ਹਰਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਲਖਵਿੰਦਰ ਸਿੰਘ ਨਿਵਾਸੀ ਪਿੰਡ ਚੜੀ ਤੇ ਭੁਪਿੰਦਰ ਸਿੰਘ ਵਾਸੀ ਪਿੰਡ ਬਾਸੀਆਂ ਬੈਦਵਾਨ ਵਜੋਂ ਹੋਈ ਏ। ਪੁਲਿਸ ਦੀ ਮੁੱਢਲੀ ਜਾਂਚ ਵਿੱਚ ਪਤਾ ਲੱਗਾ ਏ ਕਿ ਲਖਵਿੰਦਰ ਸਿੰਘ ਆਪਣੇ ਪਰਿਵਾਰ ਨਾਲ ਪਿੰਡ ਤੋਂ ਚੰਡੀਗੜ੍ਹ ਜਾ ਰਿਹਾ ਸੀ, ਇਸ ਦੌਰਾਨ ਭੁਪਿੰਦਰ ਸਿੰਘ ਵਾਸੀ ਪਿੰਡ ਬਾਸੀਆਂ ਬੈਦਵਾਨ ਦੀ ਕਾਰ ਦੀ ਟੱਕਰ ਹੋ ਗਈ।